ਸੂਹੀ ਮਹਲਾ ੫ ॥ ਦੀਨੁ ਛਡਾਇ ਦੁਨੀ ਜੋ ਲਾਏ ॥ ਦੁਹੀ ਸਰਾਈ ਖੁਨਾਮੀ ਕਹਾਏ ॥ ੧॥ ਜੋ ਤਿਸੁ ਭਾਵੈ ਸੋ ਪਰਵਾਣੁ ॥ ਆਪਣੀ ਕੁਦਰਤਿ ਆਪੇ ਜਾਣੁ ॥੧॥ ਰਹਾਉ ॥ ਸਚਾ ਧਰਮੁ ਪੁੰਨੁ ਭਲਾ ਕਰਾਏ ॥ ਦੀਨ ਕੈ ਤੋਸੈ ਦੁਨੀ ਨ ਜਾਏ ॥੨॥ ਸਰਬ ਨਿਰੰਤਰਿ ਏਕੋ ਜਾਗੈ ॥ ਜਿਤੁ ਜਿਤੁ ਲਾਇਆ ਤਿਤੁ ਤਿਤੁ ਕੋ ਲਾਗੈ ॥ ੩॥ ਅਗਮ ਅਗੋਚਰੁ ਸਚੁ ਸਾਹਿਬੁ ਮੇਰਾ ॥ ਨਾਨਕੁ ਬੋਲੈ ਬੋਲਾਇਆ ਤੇਰਾ ॥੪॥੨੩॥੨੯॥ {ਪੰਨਾ 743}

ਪਦਅਰਥ:- ਦੀਨੁ—ਧਰਮ, ਨਾਮ-ਧਨ। ਦੁਨੀ—ਦੁਨੀਆ ਵਾਲੇ ਪਾਸੇ। ਜੋ—ਜਿਸ ਮਨੁੱਖ ਨੂੰ। ਲਾਏ—(ਪਰਮਾਤਮਾ) ਲਾਂਦਾ ਹੈ। ਦੁਹੀ ਸਰਾਈ—ਦੋਹਾਂ ਲੋਕਾਂ ਵਿਚ। ਖੁਨਾਮੀ—ਗੁਨਹਗਾਰ, ਅਪਰਾਧੀ। ਕਹਾਏ—ਅਖਵਾਂਦਾ ਹੈ।1।

ਤਿਸੁ—ਉਸ (ਪਰਮਾਤਮਾ) ਨੂੰ। ਭਾਵੈ—ਚੰਗਾ ਲੱਗਦਾ ਹੈ। ਜਾਣੁ—ਜਾਣੂ, ਜਾਣਨ ਵਾਲਾ।1। ਰਹਾਉ।

ਸਚਾ—ਸਦਾ ਕਾਇਮ ਰਹਿਣ ਵਾਲਾ। ਭਲਾ—ਭਲਾ ਕੰਮ। ਦੀਨ ਕੈ ਤੋਸੈ—ਨਾਮ-ਧਨ ਇਕੱਠੇ ਕਰਨ ਨਾਲ। ਨ ਜਾਏ—ਨਹੀਂ ਵਿਗੜਦਾ।2।

ਸਰਬ ਨਿਰੰਤਰਿ—ਸਭਨਾਂ ਦੇ ਅੰਦਰ ਇਕ-ਰਸ {ਅੰਤਰੁ—ਵਿੱਥ}। ਏਕੋ—ਇਕ ਪਰਮਾਤਮਾ ਹੀ। ਜਿਤੁ—ਜਿਸ ਪਾਸੇ। ਕੋ—ਕੋਈ।3।

ਅਗਮ—ਅਪਹੁੰਚ। ਅਗੋਚਰੁ—{ਅ-ਗੋ-ਚਰੁ। ਗੋ—ਗਿਆਨ-ਇੰਦ੍ਰੇ} ਜਿਸ ਤਕ ਗਿਆਨ-ਇੰਦ੍ਰਿਆਂ ਦੀ ਪਹੁੰਚ ਨਹੀਂ ਹੋ ਸਕਦੀ। ਸਚੁ—ਸਦਾ-ਥਿਰ ਰਹਿਣ ਵਾਲਾ।4।

ਅਰਥ:- ਹੇ ਭਾਈ! ਪਰਮਾਤਮਾ ਆਪਣੀ ਰਚੀ ਸ੍ਰਿਸ਼ਟੀ ਬਾਰੇ ਆਪ ਹੀ ਸਭ ਕੁਝ ਜਾਣਨ ਵਾਲਾ ਹੈ। ਜੋ ਕੁਝ ਪਰਮਾਤਮਾ ਨੂੰ ਚੰਗਾ ਲੱਗਦਾ ਹੈ, ਜੀਵਾਂ ਨੂੰ ਉਹੀ ਕੁਝ ਸਿਰ-ਮੱਥੇ ਮੰਨਣਾ ਪੈਂਦਾ ਹੈ (ਉਹੀ ਕੁਝ ਜੀਵ ਕਰਦੇ ਹਨ)।1। ਰਹਾਉ।

ਹੇ ਭਾਈ! ਜਿਸ ਮਨੁੱਖ ਨੂੰ ਪਰਮਾਤਮਾ ਨਾਮ-ਧਨ ਵਿਹਾਝਣ ਵਲੋਂ ਹਟਾ ਕੇ ਦੁਨੀਆ ਦੇ ਧਨ ਵਲ ਲਾ ਦੇਂਦਾ ਹੈ, ਉਹ ਮਨੁੱਖ ਦੋਹਾਂ ਜਹਾਨਾਂ ਵਿਚ (ਇਸ ਲੋਕ ਤੇ ਪਰਲੋਕ ਵਿਚ) ਗੁਨਹਗਾਰ ਅਖਵਾਂਦਾ ਹੈ।1।

ਹੇ ਭਾਈ! (ਜਿਸ ਮਨੁੱਖ ਪਾਸੋਂ ਪਰਮਾਤਮਾ) ਸਦਾ-ਥਿਰ ਰਹਿਣ ਵਾਲਾ (ਨਾਮ-ਸਿਮਰਨ-) ਧਰਮ ਕਰਾਂਦਾ ਹੈ, (ਨਾਮ-ਸਿਮਰਨ ਦਾ) ਨੇਕ ਭਲਾ ਕੰਮ ਕਰਾਂਦਾ ਹੈ, ਨਾਮ-ਧਨ ਇਕੱਠਾ ਕਰਦਿਆਂ ਉਸ ਦੀ ਇਹ ਦੁਨੀਆ ਭੀ ਨਹੀਂ ਵਿਗੜਦੀ।2।

ਹੇ ਭਾਈ! (ਜੀਵਾਂ ਦੇ ਕੀਹ ਵੱਸ?) ਹਰੇਕ ਜੀਵ ਉਸੇ ਉਸੇ ਕੰਮ ਵਿਚ ਲੱਗਦਾ ਹੈ ਜਿਸ ਜਿਸ ਕੰਮ ਵਿਚ ਪਰਮਾਤਮਾ ਲਾਂਦਾ ਹੈ।3।

ਹੇ ਪ੍ਰਭੂ! ਤੂੰ ਸਦਾ ਕਾਇਮ ਰਹਿਣ ਵਾਲਾ ਮੇਰਾ ਮਾਲਕ ਹੈਂ, ਤੂੰ ਅਪਹੁੰਚ ਹੈਂ, ਗਿਆਨ-ਇੰਦ੍ਰਿਆਂ ਦੀ ਰਾਹੀਂ ਤੇਰੇ ਤਕ ਪਹੁੰਚਿਆ ਨਹੀਂ ਜਾ ਸਕਦਾ। (ਤੇਰਾ ਦਾਸ) ਨਾਨਕ ਤੇਰਾ ਪ੍ਰੇਰਿਆ ਹੋਇਆ ਹੀ ਤੇਰਾ ਨਾਮ ਉਚਾਰ ਸਕਦਾ ਹੈ।4।23। 29।